# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :09-04-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- ਸਰਕਾਰ ਨੇ ਕਿਹਾ -ਦੇਸ਼ ਨੂੰ ਜ਼ਰੂਰੀ ਫਾਰਮਾ ਸਿਊਟੀਕਲ ਸਮੱਗਰੀ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਸਬੰਧਤ ਵਿਭਾਗ ਤਾਲਮੇਲ ਵਿੱਚ ਕੰਮ ਕਰ ਰਹੇ ਨੇ ।
- ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵਲੋਂ ਅੱਜ ਤੋਂ 23 ਅਪ੍ਰੈਲ ਤੱਕ, ਪੰਜਾਬ ਸਮੇਤ ਦੇਸ਼ ਭਰ 'ਚ 8ਵੇਂ ਪੋਸ਼ਣ ਪੰਦਰਵਾੜੇ ਦੀ ਸ਼ੁਰੂਆਤ ।
- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਪਰਾਲੀ ਸਾੜਨ ਦੀ ਸਮਸਿਆ ਨੂੰ ਹੱਲ ਕਰਨ ਲਈ, 'ਸਕੋਚ ਸਿਲਵਰ ਐਵਾਰਡ'-2025 ਨਾਲ ਨਿਵਾਜ਼ਿਆ ਗਿਆ ।
- ਪੰਜਾਬ ਪੁਲਿਸ ਵਲੋਂ ਗੁਰਦਾਸਪੁਰ ਵਿੱਚ ISI ਸਮਰਥਿਤ ਬੱਬਰ ਖਾਲਸਾ ਇੰਟਰਨੈਸ਼ਨਲ ਦਹਿਸ਼ਤਗਰਦੀ ਮਾਡਿਊਲ ਨਾਲ ਜੁੜੇ ਦੋ

ਵਿਅਕਤੀ ਗ੍ਰਿਫ਼ਤਾਰ- 5 ਹੱਥ ਗੋਲੇ ਤੇ ਵਿਸਫੋਟਕ ਸਮੱਗਰੀ ਬਰਾਮਦ। ਅਤੇ

- IPL ਕ੍ਰਿਕਟ ਵਿੱਚ, ਅੱਜ ਕੋਲਕਾਤਾ ਦੇ ਈਡਨ ਗਾਰਡਨਜ਼ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

---------------------------------------------------

ਪੱਛਮੀ ਏਸ਼ੀਆ ਸੰਕਟ ਬਾਰੇ ਅੱਜ ਨਵੀਂ ਦਿੱਲੀ ਵਿੱਚ ਇੱਕ ਅੰਤਰ-ਮੰਤਰਾਲਾ ਬ੍ਰੀਫਿੰਗ ਦੌਰਾਨ, ਫਾਰਮਾਸਿਊਟੀਕਲ ਵਿਭਾਗ ਦੇ ਸੰਯੁਕਤ ਸਕੱਤਰ, ਸੱਤਿਆ ਪ੍ਰਕਾਸ਼ ਟੀ.ਐਲ. ਨੇ ਕਿਹਾ ਕਿ ਸਬੰਧਤ ਵਿਭਾਗ ਦੇਸ਼ ਨੂੰ ਜ਼ਰੂਰੀ ਫਾਰਮਾ ਸਿਊਟੀਕਲ ਸਮੱਗਰੀ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਤਾਲਮੇਲ ਵਿੱਚ ਕੰਮ ਕਰ ਰਹੇ ਨੇ। ਸ੍ਰੀ ਸੱਤਿਆਪ੍ਰਕਾਸ਼ ਨੇ ਕਿਹਾ ਕਿ ਸੰਕਟ ਨੇ ਫਾਰਮਾਸਿਊਟੀਕਲ ਸਮੱਗਰੀ ਲਈ ਆਲਮੀ ਸਪਲਾਈ ਚੇਨਾਂ ਨੂੰ ਪ੍ਰਭਾਵਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ, ਦਵਾਈਆਂ ਦੀਆਂ ਕੀਮਤਾਂ ਵਿੱਚ ਕੋਈ ਮਹੱਤਵਪੂਰਨ ਵਾਧਾ ਨਹੀਂ ਹੋਇਆ ਏ।ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੀ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ ਸਰਕਾਰ ਦੇਸ਼ ਵਿੱਚ 100 ਫੀਸਦੀ ਘਰੇਲੂ ਐਲਪੀਜੀ ਸਪਲਾਈ ਯਕੀਨੀ

ਬਣਾ ਰਹੀ ਏ। ਉਨ੍ਹਾਂ ਕਿਹਾ ਕਿ ਵੰਡ ਕੇਂਦਰਾਂ 'ਤੇ ਐਲਪੀਜੀ ਦੀ ਘਾਟ ਦੀ ਕੋਈ ਖਬਰ ਨਹੀਂ ਏ। ਉਨ੍ਹਾਂ ਇਹ ਵੀ ਕਿਹਾ ਕਿ ਦੇਸ਼ ਵਿੱਚ ਕੱਚੇ ਤੇਲ ਦੇ ਢੁਕਵੇਂ ਭੰਡਾਰ ਨੇ ਅਤੇ ਤੇਲ ਸੋਧਕ ਕਾਰਖਾਨੇ ਆਪਣੀ ਵੱਧ ਤੋਂ ਵੱਧ ਸਮਰੱਥਾ ਨਾਲ ਕੰਮ ਕਰ ਰਹੇ ਨੇ

BYTE:RNU090426

---------------------------------------------------

ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵਲੋਂ ਅੱਜ ਤੋਂ 23 ਅਪ੍ਰੈਲ ਤਕ ਦੇਸ਼ ਭਰ ਵਿੱਚ, 8ਵਾਂ ਪੋਸ਼ਣ ਪੰਦਰਵਾੜਾ ਕਰਵਾਇਆ ਜਾ ਰਿਹਾ ਏ। ਪੋਸ਼ਣ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਇੱਕ ਸਿਹਤਮੰਦ ਬੱਚਾ ਹੀ ਇੱਕ ਮਜ਼ਬੂਤ ਰਾਸ਼ਟਰ ਦੀ ਬੁਨਿਆਦ ਹੁੰਦਾ ਏ। ਉਨ੍ਹਾਂ ਕਿਹਾ ਕਿ ਪੋਸ਼ਣ ਅਭਿਆਨ ਸਿਰਫ਼ ਇੱਕ ਸਰਕਾਰੀ ਪ੍ਰੋਗਰਾਮ ਨਹੀਂ , ਸਗੋਂ ਹਰੇਕ ਮਾਂ ਅਤੇ ਬੱਚੇ ਲਈ ਸੰਪੂਰਨ ਪੋਸ਼ਣ ਯਕੀਨੀ ਬਣਾਉਣ ਲਈ ਇੱਕ ਜਨ ਅੰਦੋਲਨ ਏ। ਪੋਸ਼ਣ ਪੰਦਰਵਾੜੇ ਦਾ ਵਿਸ਼ਾ - ਜੀਵਨ ਦੇ ਪਹਿਲੇ ਛੇ ਸਾਲਾਂ ਵਿੱਚ, ਦਿਮਾਗ ਦਾ ਵੱਧ ਤੋਂ ਵੱਧ ਵਿਕਾਸ -ਰੱਖਿਆ ਗਿਆ ਏ। ਇਹ ਇਸ ਗੱਲ ਦੀ ਪੁਸ਼ਟੀ ਕਰਦਾ ਏ ਕਿ ਸ਼ੁਰੂਆਤੀ ਬਚਪਨ, ਖਾਸ ਕਰਕੇ ਪਹਿਲੇ ਇੱਕ ਹਜ਼ਾਰ ਦਿਨ, ਦਿਮਾਗ ਦੇ ਵਿਕਾਸ, ਸ਼ਰੀਰਕ ਵਿਕਾਸ ਅਤੇ ਸਮੁੱਚੀ ਸਿਹਤ ਲਈ ਬਹੁਤ ਮਹੱਤਵਪੂਰਨ ਹੁੰਦੇ ਨੇ। ਵਿਗਿਆਨਕ ਸਬੂਤ ਦੱਸਦੇ

ਨੇ ਕਿ ਦਿਮਾਗ ਦਾ 85 ਫ਼ੀਸਦੀ ਤੋਂ ਵੱਧ ਵਿਕਾਸ, ਛੇ ਸਾਲ ਦੀ ਉਮਰ ਤੱਕ ਹੋ ਜਾਂਦਾ ਏ, ਜੋ ਅਨੁਕੂਲ ਪੋਸ਼ਣ, ਸੰਵੇਦਨਸ਼ੀਲ ਦੇਖਭਾਲ ਅਤੇ ਸ਼ੁਰੂਆਤੀ ਸਿੱਖਿਆ ਦੀ ਮਹੱਤਤਾ ਨੂੰ ਦਰਸਾਉਂਦਾ ਏ। ਇਸ ਦੌਰਾਨ, ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਆਂਗਣਵਾੜੀ ਕੇਂਦਰਾਂ ਰਾਹੀਂ ਗਤੀਵਿਧੀਆਂ ਕਰਾਈਆਂ ਜਾਣਗੀਆਂ, ਜਿਸ ਵਿੱਚ ਮਾਵਾਂ, ਦੇਖਭਾਲ ਕਰਨ ਵਾਲੇ, ਪਰਿਵਾਰ, ਭਾਈਚਾਰਕ ਸੰਗਠਨ ਅਤੇ ਸਥਾਨਕ ਸੰਸਥਾਵਾਂ ਸ਼ਾਮਲ ਹੋਣਗੀਆਂ। ਇਨ੍ਹਾਂ ਵਿੱਚ ਪੋਸ਼ਣ ਪੰਚਾਇਤਾਂ, ਜਾਗਰੂਕਤਾ ਸੈਸ਼ਨ, ਸ਼ੁਰੂਆਤੀ ਬਚਪਨ ਨੂੰ ਉਤਸ਼ਾਹਿਤ ਕਰਨ ਦੀਆਂ ਗਤੀਵਿਧੀਆਂ, ਖੇਡ-ਅਧਾਰਤ ਸਿਖਲਾਈ ਪਹਿਲਕਦਮੀਆਂ ਅਤੇ ਛੋਟੇ ਬੱਚਿਆਂ ਵਿੱਚ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਅਤੇ ਸਕ੍ਰੀਨ ਸਮਾਂ ਘਟਾਉਣ ਲਈ ਅਭਿਆਨ ਸ਼ਾਮਲ ਹੋਣਗੇ।

---------------------------------------------------

ਓਧਰ ਪੰਜਾਬ ਦੇ ਫਰੀਦਕੋਟ ਤੇ ਬਠਿੰਡਾ ਸਮੇਤ ਹੋਰ ਕੀ ਥਾਵਾਂ ਤੇ ਵਿੱਚ ਬਠਿੰਡਾ ਦੇ ਅੱਜ ਤੋਂ ਪੋਸ਼ਣ ਪੰਦਰਵਾੜੇ ਦੀ ਸ਼ੁਰੂਆਤ ਕੀਤੀ ਗਈ। ਜ਼ਿਲ੍ਹਾ ਪ੍ਰੋਗਰਾਮ ਅਫਸਰ ਪੰਕਜ ਕੁਮਾਰ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸਾਰੇ ਆਂਗਣਵਾੜੀ ਕੇਂਦਰਾਂ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਓਹਨਾ ਦੱਸਿਆ ਕਿ ਇਸਦੇ ਇਲਾਵਾ ਐਨੀਮੀਆ ਦੀ ਰੋਕਥਾਮ ਲਈ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ,

ਜਿਨ੍ਹਾਂ ਵਿੱਚ ਲੋਕਾਂ ਨੂੰ ਪੋਸ਼ਟਿਕ ਆਹਾਰ ਅਤੇ ਸਿਹਤਮੰਦ ਆਦਤਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਸਾਰੇ ਵਿਭਾਗਾਂ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਪੰਦ੍ਰ ਵਾੜੇ ਵਿੱਚ ਹਿਸਾ ਲੈਣ ਦੀ ਅਪੀਲ ਕੀਤੀ ।

---------------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਇਸਦੇ ਪ੍ਰੋਜੈਕਟ “ਸੰਕਟ ਤੋਂ ਸਫਲਤਾ ਤੱਕ – ਪੰਜਾਬ ਦੀ ਸਵੱਛ ਹਵਾ ਬਦਲਾਅ ਯਾਤਰਾ” ਲਈ ਵਾਤਾਵਰਣ ਸ਼੍ਰੇਣੀ ਵਿੱਚ ਸਕੋਚ ਸਿਲਵਰ ਐਵਾਰਡ 2025 ਨਾਲ ਸਨਮਾਨਿਤ ਕੀਤਾ ਗਿਆ ਏ । ਇਹ ਐਵਾਰਡ ਨਵੀਂ ਦਿੱਲੀ ਦੇ ਇੰਡੀਆ ਹੈਬੀਟੈਟ ਸੈਂਟਰ ਵਿੱਚ ਹੋਏ 107ਵੇਂ ਸਕੋਚ ਸਮਿੱਟ ‘ਗਵਰਨੈਂਸ ਟ੍ਰਾਂਸਫਾਰਮਡ’ ਦੌਰਾਨ ਦਿੱਤਾ ਗਿਆ। ਪਿਛਲੇ ਪੰਜ ਸਾਲਾਂ ਵਿੱਚ, ਪੰਜਾਬ ਨੇ ਪਰਾਲੀ ਸਾੜਨ ਦੀ ਸਮੱਸਿਆ ਨੂੰ ਹੱਲ ਕਰਨ ਲਈ ਬਹੁ-ਵਿਭਾਗੀ ਕੋਸ਼ਿਸ਼ਾਂ ਰਾਹੀਂ ਮਹੱਤਵਪੂਰਨ ਤਰੱਕੀ ਕੀਤੀ ਹੈ। ਇਸ ਵਿੱਚ ਰੀਅਲ-ਟਾਈਮ ਮਾਨੀਟਰਿੰਗ ਅਤੇ ਲਾਗੂਕਰਨ ਦੇ ਨਾਲ-ਨਾਲ ਲੰਬੇ ਸਮੇਂ ਦੇ ਢਾਂਚਾਗਤ ਕਦਮ ਸ਼ਾਮਲ ਨੇ । ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਕਿ ਇਸ ਰਾਸ਼ਟਰੀ ਮਾਨਤਾ ਨੂੰ ਪ੍ਰਾਪਤ ਕਰਨਾ ਮਾਣ ਵਾਲੀ ਗੱਲ ਏ । ਪੰਜਾਬ ਰਾਜ ਭਵਿੱਖ ਵਿੱਚ ਇਸ ਦਿਸ਼ਾ ਵਿਚ ਹੋਰ ਬਿਹਤਰੀ ਕਰਨ ਲਈ ਪਰਾਲੀ ਸਾੜਨ ਦੇ ਰੁਝਾਨ ਨੂੰ ਪੂਰੀ ਤਰ੍ਹਾਂ ਖਤਮ ਕਰਨ

ਲਈ ਯੋਜਨਾਬੱਧ ਢੰਗ ਨਾਲ ਕੰਮ ਕਰ ਰਿਹਾ ਏ ।

-----------------------------------------------------------

ਓਧਰ ਜ਼ਿਲ੍ਹਾ ਮੋਹਾਲੀ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ ਵਿੱਚ ਸਾਲ 2023 ਤੋਂ ਨਿਰੰਤਰ ਕਮੀ ਦਰਜ ਕੀਤੀ ਜਾ ਰਹੀ ਏ । ਮੁਹਾਲੀ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਖਜਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਇਹ ਜ਼ਿਲ੍ਹੇ ਅੰਦਰ ਕਿਸਾਨਾਂ ਵੱਲੋਂ ਦਿੱਤੇ ਸਹਿਯੋਗ, ਸਬਸਿਡੀ 'ਤੇ ਮੁਹੱਈਆ ਕਰਵਾਈਆ ਤਕਰੀਬਨ 1600 ਤੋਂ ਵੱਧ ਖੇਤੀ ਮਸ਼ੀਨਾਂ ਕਾਰਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਵੱਡੇ ਪੱਧਰ ਤੇ ਚਲਾਏ ਜਾਗਰੂਕਤਾ ਅਭਿਆਨ ਕਾਰਨ ਹੀ ਸੰਭਵ ਹੋ ਸਕਿਆ ਏ । ਇਸੇ ਲੜੀ ਵਿੱਚ ਪੰਜਾਬ ਸਰਕਾਰ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਜਿਵੇਂ ਝੋਨੇ ਦੀ ਪਰਾਲੀ ਦੀ ਸੰਭਾਲ ਕਰਨ ਵਿੱਚ ਸਹਾਈ ਖੇਤੀਬਾੜੀ ਮਸ਼ੀਨਾਂ ਉੱਤੇ ਇਸ ਸਾਲ ਵੀ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਖੇਤੀ ਮਸ਼ੀਨਰੀ 'ਤੇ ਸਬਸਿਡੀ ਲਈ ਜ਼ਿਲ੍ਹੇ ਦੇ ਕਿਸਾਨਾਂ ਪਾਸੋਂ ਬਿਨੈ-ਪੱਤਰਾਂ ਦੀ ਮੰਗ ਕੀਤੀ ਗਈ ਹੈ। ਕਿਸਾਨ ਇਹ ਬਿਨੈ-ਪੱਤਰ ਆਨਲਾਈਨ ਮਾਧਿਅਮ ਰਾਹੀਂ ਖੇਤੀਬਾੜੀ ਵਿਭਾਗ ਦੇ ਪੋਰਟਲ agrimachinerypb.com ਤੇ 24 ਅਪ੍ਰੈਲ ਸ਼ਾਮ 5.00 ਵਜੇ ਤੱਕ ਦੇ ਸਕਦੇ ਨੇ ।

---------------------------------------------------

ਪੰਜਾਬ ਦੇ ਸਿੱਖਿਆ ਮੰਤਰੀ, ਹਰਜੋਤ ਸਿੰਘ ਬੈਂਸ ਨੇ ਅੱਜ ਮਿਸ਼ਨ ਸਮਰਥ 4.0 ਦੀ ਸ਼ੁਰੂਆਤ ਕੀਤੀ । ਇਹ ਇੱਕ ਪ੍ਰਮੁੱਖ ਬੁਨਿਆਦੀ ਸਿਖਲਾਈ ਪ੍ਰੋਗਰਾਮ ਏ ਜਿਸਦਾ ਉਦੇਸ਼ ਸਿੱਖਿਆ ਵਿੱਚ ਆਲਮੀ ਉੱਤਮਤਾ ਪ੍ਰਾਪਤ ਕਰਨਾ ਏ। ਨਵਾਂ ਗੇੜ ਇੱਕ ਸੂਬਾ -ਵਿਆਪੀ ਹਾਜ਼ਰੀ ਟਰੈਕਿੰਗ ਸਿਸਟਮ ਪੇਸ਼ ਕਰਦਾ ਏ ਜਿਸ ਦੇ ਤਹਿਤ ਮਾਪਿਆਂ ਨੂੰ ਆਪਣੇ ਬੱਚੇ ਦੀ ਹਾਜ਼ਰੀ ਬਾਰੇ ਰੋਜ਼ਾਨਾ SMS ਅਲਰਟ ਪ੍ਰਾਪਤ ਹੋਣਗੇ। ਇਹ ਕਲਾਸਰੂਮਾਂ ਵਿੱਚ ਅਸਲ-ਸਮੇਂ ਦੀ ਜਵਾਬਦੇਹੀ ਅਤੇ ਮਜ਼ਬੂਤ ਸਿੱਖਣ ਨਿਰੰਤਰਤਾ ਵੱਲ ਇੱਕ ਫੈਸਲਾਕੁੰਨ ਤਬਦੀਲੀ ਦੀ ਨਿਸ਼ਾਨਦੇਹੀ ਕਰੇਗਾ। ਉਨ੍ਹਾਂ ਕਿਹਾ ਕਿ ਇਹ ਵਿਧੀ ਨਿਯਮਤ ਹਾਜ਼ਰੀ ਨੂੰ ਬਿਹਤਰ ਬਣਾਉਣ, ਸਿੱਖਣ ਨਿਰੰਤਰਤਾ ਨੂੰ ਯਕੀਨੀ ਬਣਾਉਣ, ਕਲਾਸਰੂਮ ਦੀ ਸ਼ਮੂਲੀਅਤ ਨੂੰ ਵਧਾਉਣ ਅਤੇ ਸਕੂਲਾਂ ਅਤੇ ਪਰਿਵਾਰਾਂ ਵਿਚਕਾਰ ਮਜ਼ਬੂਤ ਜਵਾਬਦੇਹੀ ਬਣਾਉਣ ਲਈ ਤਿਆਰ ਕੀਤੀ ਗਈ ਏ ਜਦੋਂ ਕਿ ਹਾਜ਼ਰੀ ਅਤੇ ਸਿੱਖਣ ਦੇ ਨਤੀਜਿਆਂ ਵਿਚਕਾਰ ਸਬੰਧ ਨੂੰ ਮਜ਼ਬੂਤ ਬਣਾਇਆ ਗਿਆ ਏ। ਮੰਤਰੀ ਨੇ ਜ਼ਿਕਰ ਕੀਤਾ ਕਿ ਮਿਸ਼ਨ ਸਮਰਥ ਪਹਿਲਾਂ ਹੀ ਭਾਰਤ ਦੇ ਸਭ ਤੋਂ ਵੱਡੇ ਬੁਨਿਆਦੀ ਸਿਖਲਾਈ ਪ੍ਰੋਗਰਾਮਾਂ ਵਿੱਚੋਂ ਇੱਕ ਬਣ ਗਿਆ ਏ , ਜੋ ਲਗਭਗ 12 ਲੱਖ ਵਿਦਿਆਰਥੀਆਂ ਨੂੰ ਕਵਰ ਕਰਦਾ ਹੈ ਅਤੇ ਸਾਲਾਨਾ 70, ਹਜ਼ਾਰ ਤੋਂ ਵੱਧ ਅਧਿਆਪਕਾਂ ਨੂੰ ਸ਼ਾਮਲ ਕਰਦਾ

ਏ                                        ।

---------------------------------------------------

ਅੰਮ੍ਰਿਤਸਰ ਦਿਹਾਤੀ, ਗੁਰਦਾਸਪੁਰ ਅਤੇ ਕਾਊਂਟਰ ਇੰਟੈਲੀਜੈਂਸ ਵਿੰਗ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਨੇ ਕੇਂਦਰੀ ਏਜੰਸੀਆਂ ਨਾਲ ਸਾਂਝੇ ਆਪ੍ਰੇਸ਼ਨ ਵਿੱਚ ISI ਸਮਰਥਿਤ ਬੱਬਰ ਖਾਲਸਾ ਇੰਟਰਨੈਸ਼ਨਲ ਦਹਿਸ਼ਤਗਰਦੀ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਬਾਰਡਰ ਰੇਂਜ DIG ਸੰਦੀਪ ਗੋਇਲ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮਾਡਿਊਲ ਵਿਦੇਸ਼ੀ-ਅਧਾਰਤ ਹੈਂਡਲਰਾਂ ਵਲੋਂ ਚਲਾਇਆ ਜਾ ਰਿਹਾ ਸੀ। ਉਨ੍ਹਾਂ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਦਾਸਪੁਰ ਦੇ ਆਕਾਸ਼ ਮਸੀਹ ਅਤੇ ਜਬਲੈਨ ਵਜੋਂ ਹੋਈ ਏ । ਦੋਵਾਂ ਮੁਲਜ਼ਮਾਂ ਦਾ ਪੁਰਾਣਾ ਅਪਰਾਧਿਕ ਰਿਕਾਰਡ ਏ । ਪੁਲਿਸ ਨੇ ਇਨਾ ਦੇ ਕਬਜ਼ੇ ਚੋਂ ਪੰਜ ਹੱਥ ਗੋਲੇ, ਦੋ ਵਿਸ਼ੇਸ਼ ਡੈਟੋਨੇਟਰ, ਕੋਡਰ ਅਤੇ ਟਾਈਮਰ, ਬੈਟਰੀ, ਆਈਈਡੀ ਸਮੱਗਰੀ, ਕੇਬਲ ਅਤੇ ਇੱਕ ਵਾਕੀ-ਟਾਕੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਬਰਾਮਦਗੀ ਤੋਂ ਪਤਾ ਚੱਲਦਾ ਏ ਕਿ ਮਾਡਿਊਲ ਸੂਬੇ ਵਿੱਚ ਸ਼ਾਂਤੀ ਨੂੰ ਭੰਗ ਕਰਨ ਦੇ ਉਦੇਸ਼ ਨਾਲ ਉੱਚ-ਪ੍ਰਭਾਵੀ ਦਹਿਸ਼ਤਗਰਦੀ ਹਮਲੇ ਕਰਨ ਦੀ ਤਿਆਰੀ ਕਰ ਰਿਹਾ ਸੀ। ਨੈਟਵਰਕ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਏ ।

----------------------------------------------------

ਉਧਰ ਮਾਨਸਾ ਪੁਲੀਸ ਨੇ ਪੰਜਾਬ ਅਤੇ ਹਰਿਆਣਾ ਵਿੱਚ ATM ਮਸ਼ੀਨਾਂ ਚੋਰੀ ਕਰਨ ਵਾਲੇ ਇੱਕ ਗਿਰੋਹ ਦੇ ਪੰਜ ਲੁਟੇਰਿਆਂ ਨੂੰ ਨਗਦੀ ਅਤੇ ਕਾਰ ਸਮੇਤ ਕਾਬੂ  ਕੀਤਾ ਏ। ਮਾਨਸਾ ਦੇ ਐਸਐਸਪੀ ਭਾਗੀਰਥ ਸਿੰਘ ਮੀਨਾ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਇਸ ਗਿਰੋਹ ਨੂੰ ਕਾਬੂ ਕਰਨ ਲਈ ਪਟਿਆਲਾ,ਭਵਾਨੀਗੜ੍ਹ, ਸੁਨਾਮ, ਡੱਬਵਾਲੀ,ਜੀਂਦ, ਫਤਿਆਬਾਦ ਦੇ ਰੂਟ ’ਤੇ ਕੈਮਰਿਆਂ ਦੀ ਜਾਂਚ ਕੀਤੀ ਗਈ । ਸ੍ਰੀ ਮੀਨਾ ਨੇ ਦੱਸਿਆ ਕਿ ਪੁਲੀਸ ਵੱਲੋਂ ਚੋਰੀ ਕਰਨ ਵਾਲੇ ਗਿਰੋਹ ਦੇ 5 ਮੈਬਰਾਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਏ.ਟੀ.ਐਮ. ਮਸ਼ੀਨ ਅਤੇ ਨਗਦੀ ਬਰਾਮਦ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ 31 ਮਾਰਚ ਤੇ 1 ਅਪਰੈਲ ਦੀ ਦਰਮਿਆਨੀ ਰਾਤ ਨੂੰ ਝੁਨੀਰ ਵਿਖੇ SBI ਬੈਂਕ ਦੀ ਏ.ਟੀ.ਐਮ. ਮਸ਼ੀਨ  ਚੋਰੀ ਕੀਤੀ ਸੀ ਜਿਸ ਵਿੱਚ 33 ਲੱਖ 28 ਹਜ਼ਾਰ ਰੁਪਏ ਸਨ। ਪੁਲੀਸ ਨੇ ਅਣਪਛਾਤਿਆਂ ਖਿਲਾਫ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕੀਤੀ ਸੀ । ਉਨ੍ਹਾਂ ਦੱਸਿਆ ਕਿ ਮੁੱਖ ਮੁਲਜ਼ਮ ਪਟਿਆਲਾ ਦੇ ਦਲਜੀਤ ਸਿੰਘ ,ਮਨਪ੍ਰੀਤ ਸਿੰਘ , ਭੁਪਿੰਦਰ ਸਿੰਘ ਉਰਫ ਭਿੰਦਾ ,ਗੁਰਭੇਜ ਸਿੰਘ ਉਰਫ ਭੇਜਾ ਅਤੇ ਸੋਨੀਪਤ ਦੇ ਦੀਪਕ ਨੂੰ ਜਟਾਣਾ ਕੈਂਚੀਆ ਤੋਂ ਉਨ੍ਹਾਂ ਦੀ ਕਾਰ ਸਮੇਤ ਕਾਬੂ ਕੀਤਾ ਏ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ ।

---

ਅੱਜ ਪਟਿਆਲਾ ਦੇ ਕਈ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੇ ਮਦੇਨਜ਼ਰ ਸਾਵਧਾਨੀ ਵਜੋਂ ਪੁਲਿਸ ਨੇ ਸਾਰੇ ਸਕੂਲ ਖਾਲੀ ਕਰਵਾਕੇ ਸ਼ਖਤੀ ਨਾਲ ਜਾਂਚ ਕੀਤੀ। ਪਟਿਆਲਾ ਦੇ ਪੁਲਿਸ ਕਪਤਾਨ ਪਲਵਿੰਦਰ ਚੀਮਾ ਨੇ ਦੱਸਿਆ । BYTE:RNU090426

---

ਖਾਲਸਾ ਸਾਜਨਾ ਦਿਹਾੜੇ ਦੇ ਸ਼ੁਭ ਅਵਸਰ 'ਤੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਅੰਮ੍ਰਿਤਸਰ ਤੋਂ ਸ਼ਰਧਾਲੂਆਂ ਦਾ ਜਥਾ ਕੱਲ 10 ਅਪ੍ਰੈਲ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ । ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਜਥੇ ਨੂੰ ਲੈ ਕੇ ਸੰਗਤਾਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਏ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਜਾਣ ਵਾਲੇ ਇਸ ਜਥੇ ਲਈ 1763 ਸ਼ਰਧਾਲੂਆਂ ਨੂੰ ਵੀਜ਼ੇ ਜਾਰੀ ਹੋ ਚੁੱਕੇ ਨੇ। ਇਹ ਜਥਾ ਪਾਕਿਸਤਾਨ ਵਿੱਚ ਸਥਿਤ ਵੱਖ-ਵੱਖ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰੇਗਾ, ਜਿਸ ਵਿੱਚ ਖਾਸ ਤੌਰ ‘ਤੇ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿਖੇ ਮਨਾਏ ਜਾਣ ਵਾਲੇ ਮੁੱਖ ਵਿਸਾਖੀ ਸਮਾਗਮ ਵਿੱਚ ਸ਼ਾਮਿਲ ਹੋਵੇਗਾ। ਜਥਾ 19 ਅਪ੍ਰੈਲ ਨੂੰ ਵਾਪਸ ਦੇਸ਼ ਪਰਤੇਗਾ। ਸ਼ਰਧਾਲੂਆਂ ਦਾ ਕਹਿਣਾ ਏ ਕਿ ਉਹ ਪਾਕਿਸਤਾਨ ਸਥਿਤ ਪਵਿੱਤਰ ਗੁਰਧਾਮਾਂ ਦੇ ਦਰਸ਼ਨਾਂ ਨੂੰ ਲੈ ਕੇ ਉਹ ਬਹੁਤ ਹੀ

ਉਤਸ਼ਾਹਿਤ ਨੇ । BYTE : RNU090426

-----------------------------------------------------------

ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਗੁਰੂ ਸਾਹਿਬ ਨਾਲ ਸਬੰਧਤ ਪਾਵਨ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਸੰਤੋਖਸਰ ਸਾਹਿਬ ਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਤੋਂ ਸੰਗਤ ਨੂੰ ਜਾਣੂ ਕਰਵਾਇਆ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਮਨੁੱਖਤਾ ਲਈ ਚਾਨਣ-ਮੁਨਾਰਾ ਏ । ਇਸੇ ਦੌਰਾਨ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਅਲੌਕਿਕ ਜਲੌ ਵੀ ਸਜਾਏ ਗਏ।

-----------------------------------------------------------

IPL ਕ੍ਰਿਕਟ ਵਿੱਚ, ਅੱਜ ਕੋਲਕਾਤਾ ਦੇ ਈਡਨ ਗਾਰਡਨਜ਼ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਲਖਨਊ ਸੁਪਰ ਜਾਇੰਟਸ

ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

-----------------------------------------------------------

- ਸਰਕਾਰ ਨੇ ਕਿਹਾ -ਦੇਸ਼ ਨੂੰ ਜ਼ਰੂਰੀ ਫਾਰਮਾ ਸਿਊਟੀਕਲ ਸਮੱਗਰੀ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਸਬੰਧਤ ਵਿਭਾਗ ਤਾਲਮੇਲ ਵਿੱਚ ਕੰਮ ਕਰ ਰਹੇ ਨੇ ।

- ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵਲੋਂ ਅੱਜ ਤੋਂ 23 ਅਪ੍ਰੈਲ ਤੱਕ, ਪੰਜਾਬ ਸਮੇਤ ਦੇਸ਼ ਭਰ 'ਚ 8ਵੇਂ ਪੋਸ਼ਣ ਪੰਦਰਵਾੜੇ ਦੀ ਸ਼ੁਰੂਆਤ ।

- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਪਰਾਲੀ ਸਾੜਨ ਦੀ ਸਮਸਿਆ ਨੂੰ ਹੱਲ ਕਰਨ ਲਈ, 'ਸਕੋਚ ਸਿਲਵਰ ਐਵਾਰਡ'-2025 ਨਾਲ ਨਿਵਾਜ਼ਿਆ ਗਿਆ ।

- ਪੰਜਾਬ ਪੁਲਿਸ ਵਲੋਂ ਗੁਰਦਾਸਪੁਰ ਵਿੱਚ ISI ਸਮਰਥਿਤ ਬੱਬਰ ਖਾਲਸਾ ਇੰਟਰਨੈਸ਼ਨਲ ਦਹਿਸ਼ਤਗਰਦੀ ਮਾਡਿਊਲ ਨਾਲ ਜੁੜੇ ਦੋ ਵਿਅਕਤੀ ਗ੍ਰਿਫ਼ਤਾਰ- 5 ਹੱਥ ਗੋਲੇ ਤੇ ਵਿਸਫੋਟਕ ਸਮੱਗਰੀ ਬਰਾਮਦ। ਅਤੇ

- IPL ਕ੍ਰਿਕਟ ਵਿੱਚ, ਅੱਜ ਕੋਲਕਾਤਾ ਦੇ ਈਡਨ ਗਾਰਡਨਜ਼ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 **ਵੱਜਕੇ 30** ਮਿੰਟ 'ਤੇ ਨਮਸਕਾਰ !